# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 13-03-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਮਾਰੀਸ਼ਸ ਦੇ ਆਪਣੇ ਇਤਿਹਾਸਕ ਅਤੇ ਸਫਲ ਦੌਰੇ ਤੋਂ ਬਾਅਦ ਕੱਲ੍ਹ ਰਾਤ ਦੇਸ਼ ਵਾਪਿਸ ਪਰਤ ਆਏ ਨੇ। ਭਾਰਤ ਅਤੇ ਮਾਰੀਸ਼ਸ ਨੇ ਆਪਣੇ ਸਬੰਧਾਂ ਨੂੰ 'ਵਧੀ ਹੋਈ ਰਣਨੀਤਕ ਭਾਈਵਾਲੀ' ਤੱਕ ਵਧਾ ਦਿੱਤਾ ਅਤੇ ਸਮੁੰਦਰੀ ਸੁਰੱਖਿਆ ਸਮੇਤ ਕਈ ਖੇਤਰਾਂ ਵਿੱਚ ਸਹਿਯੋਗ ਨੂੰ ਵਧਾਉਣ ਅਤੇ ਸਥਾਨਕ ਕਰੰਸੀਆਂ ਵਿੱਚ ਵਪਾਰ ਨੂੰ ਉਤਸ਼ਾਹਿਤ ਕਰਨ ਲਈ ਅੱਠ ਸਮਝੌਤਿਆਂ 'ਤੇ ਦਸਤਖਤ ਕੀਤੇ। ਇਹ ਫੈਸਲਾ ਪੋਰਟ ਲੁਈਸ ਵਿਖੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਮਾਰੀਸ਼ਸ ਦੇ ਪ੍ਰਧਾਨ ਮੰਤਰੀ, ਡਾ. ਨਵੀਨਚੰਦਰ ਰਾਮਗੁਲਾਮ ਦਰਮਿਆਨ ਵਫ਼ਦ-ਪੱਧਰੀ ਗੱਲਬਾਤ ਦੌਰਾਨ ਲਿਆ ਗਿਆ। ਗੱਲਬਾਤ ਤੋਂ ਬਾਅਦ, ਸ਼੍ਰੀ ਮੋਦੀ ਨੇ ਆਲਮੀ ਦੱਖਣ ਲਈ ਭਾਰਤ ਦੇ ਨਵੇਂ ਦ੍ਰਿਸ਼ਟੀਕੋਣ ਦਾ ਐਲਾਨ ਕੀਤਾ, ਜਿਸਦਾ ਨਾਮ "ਮਹਾਸਾਗਰ" ਜਾਂ

"ਖਿੱਤਿਆਂ ਵਿੱਚ ਸੁਰੱਖਿਆ ਅਤੇ ਵਿਕਾਸ ਲਈ ਆਪਸੀ ਅਤੇ ਸਮੁਚੀ ਪ੍ਰਗਤੀ" ਰੱਖਿਆ ਗਿਆ।

Byte -

ਮੀਟਿੰਗ ਵਿੱਚ, ਸ੍ਰੀ ਮੋਦੀ ਨੇ ਦੋਵਾਂ ਦੇਸ਼ਾਂ ਦੇ ਸਾਂਝੇ ਖੇਤਰੀ ਉਦੇਸ਼ਾਂ ਦੇ ਮੱਦੇਨਜ਼ਰ, ਮਾਰੀਸ਼ਸ ਦੀਆਂ ਰੱਖਿਆ ਅਤੇ ਸੁਰੱਖਿਆ ਜ਼ਰੂਰਤਾਂ ਨੂੰ ਮਜ਼ਬੂਤ ਕਰਨ ਵਿੱਚ ਭਾਰਤ ਦੀ ਲਗਾਤਾਰ ਹਮਾਇਤ ਅਤੇ ਸਹਾਇਤਾ ਨੂੰ ਮੁੜ ਪੱਕਾ ਕੀਤਾ।

-------------------------------------------------------

ਖਾਲਸੇ ਦੀ ਜਨਮ ਭੂਮੀ ਸ੍ਰੀ ਅਨੰਦਪੁਰ ਸਾਹਿਬ ਵਿਖੇ ਪੰਜਾਬ ਦੇ ਸਭ ਤੋਂ ਵੱਡੇ ਮੇਲੇ ਵਜੋਂ ਮਨਾਏ ਜਾਣ ਵਾਲੇ ਕੌਮੀ ਤਿਉਹਾਰ ਹੋਲੇ ਮਹੱਲੇ ਦਾ ਮੁੱਖ ਪੜਾਅ ਅੱਜ ਖਾਲਸਾਈ ਪਰੰਪਰਾ ਅਤੇ ਧਾਰਮਿਕ ਮਰਿਆਦਾ ਦੇ ਨਾਲ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਖੇ ਆਰੰਭ ਹੋ ਗਿਆ ਏ। ਖਾਲਸੇ ਦੇ ਸਵੈਮਾਣ ਅਤੇ ਖਾਲਸੇ ਦੀ ਚੜ੍ਹਦੀ ਕਲਾ ਦਾ ਪ੍ਰਤੀਕ ਇਹ ਤਿਉਹਾਰ ਅੱਜ 13 ਮਾਰਚ ਤੋਂ 15 ਮਾਰਚ ਤੱਕ ਸ੍ਰੀ ਅਨੰਦਪੁਰ ਸਾਹਿਬ ਵਿਖੇ ਮਨਾਇਆ ਜਾ ਰਿਹਾ ਏ । ਅੱਜ ਤਖ਼ਤ ਸ੍ਰੀ

ਕੇਸਗੜ੍ਹ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤੇ ਗਏ, ਜਿਨ੍ਹਾਂ ਦੇ ਭੋਗ 15 ਮਾਰਚ ਨੂੰ ਪਾਏ ਜਾਣਗੇ। ਦੇਸ਼-ਵਿਦੇਸ਼ ਤੋਂ ਲੱਖਾਂ ਸੰਗਤਾਂ ਗੁਰਦੁਆਰਾ ਸਾਹਿਬ ਤਖਤ ਸ੍ਰੀ ਕੇਸਗੜ੍ਹ ਸਾਹਿਬ, ਕਿਲਾ ਅਨੰਦਗੜ੍ਹ ਸਾਹਿਬ, ਕਿਲਾ ਹੋਲਗੜ੍ਹ ਸਾਹਿਬ, ਕਿਲਾ ਫਤਹਿਗੜ੍ਹ ਸਾਹਿਬ, ਗੁਰਦੁਆਰਾ ਮਾਤਾ ਅਜੀਤ ਕੌਰ ਸਾਹਿਬ, ਗੁਰਦੁਆਰਾ ਸ਼ੀਸ਼ ਗੰਜ ਆਦਿ ਵੱਖ-ਵੱਖ ਥਾਵਾਂ 'ਤੇ ਨਤਮਸਤਕ ਹੋ ਰਹੀਆਂ ਨੇ ਅਤੇ ਗੁਰਬਾਣੀ ਦਾ ਆਨੰਦ ਮਾਣ ਰਹੀਆਂ ਨੇ। ਵੱਖ-ਵੱਖ ਥਾਵਾਂ ਤੋਂ ਆਰੰਭ ਹੋਏ ਨਗਰ ਕੀਰਤਨ ਸ੍ਰੀ ਅਨੰਦਪੁਰ ਸਾਹਿਬ ਦੀ ਧਰਤੀ 'ਤੇ ਪਹੁੰਚ ਰਹੇ ਨੇ। ਸੁਰੱਖਿਆ ਦੇ ਮੱਦੇਨਜ਼ਰ ਖਾਲਸਾਈ ਰੰਗ ਵਿੱਚ ਰੰਗੀ ਸ੍ਰੀ ਆਨੰਦਪੁਰ ਸਾਹਿਬ ਦੀ ਧਰਤੀ ’ਤੇ ਪ੍ਰਸ਼ਾਸਨ ਵੱਲੋਂ ਸੁਰੱਖਿਆ ਮੁਲਾਜ਼ਮ ਤਾਇਨਾਤ ਕੀਤੇ ਗਏ ਨੇ।

---------------------------------------------------------

ਸਪੇਸ-ਐਕਸ ਨੇ, ਰਾਕੇਟ ਦੇ ਲਾਂਚਪੈਡ ਵਿੱਚ ਆਖਰੀ ਸਮੇਂ ਦੀ ਤਕਨੀਕੀ ਸਮੱਸਿਆ ਆਉਣ ਕਾਰਨ ਅੰਤਰਰਾਸ਼ਟਰੀ ਪੁਲਾੜ ਸਟੇਸ਼ਨ (ISS) ਲਈ ਇੱਕ ਨਿਰਧਾਰਤ ਉਡਾਣ ਮੁਲਤਵੀ ਕਰ ਦਿੱਤੀ ਏ। ਇਸ

ਮਿਸ਼ਨ ਦਾ ਉਦੇਸ਼ ਚਾਰ ਬਦਲਵੇਂ ਪੁਲਾੜ ਯਾਤਰੀਆਂ ਨੂੰ ISS ਵਿਚ ਭੇਜਣਾ ਸੀ, ਜਿਸ ਨਾਲ ਅਮਰੀਕੀ ਪੁਲਾੜ ਯਾਤਰੀਆਂ ਬੁੱਚ ਵਿਲਮੋਰ ਅਤੇ ਸੁਨੀਤਾ ਵਿਲੀਅਮਜ਼ ਜੋ ਲੰਮੇ ਸਮੇਂ ਤੋਂ ਉਥੇ ਮੌਜੂਦ ਨੇ, ਨੂੰ ਵਾਪਿਸ ਲਿਆਂਦਾ ਜਾ ਸਕੇ। ਮੂਲ ਰੂਪ ਵਿੱਚ ਔਰਬਿਟਿੰਗ ਸਟੇਸ਼ਨ 'ਤੇ ਅੱਠ ਦਿਨਾਂ ਲਈ ਠਹਿਰਨ ਦੀ ਯੋਜਨਾ ਸੀ, ਪਰ ਇਹ ਦੋਵੇਂ, ਬੋਇੰਗ ਦੇ ਖਰਾਬ ਸਟਾਰਲਾਈਨਰ 'ਤੇ ਆਪਣੀ ਯਾਤਰਾ ਤੋਂ ਬਾਅਦ ਨੌਂ ਮਹੀਨਿਆਂ ਤੋਂ ਪੁਲਾੜ ਵਿੱਚ ਫਸੇ ਹੋਏ ਨੇ। ਨਿਰਧਾਰਤ ਲਾਂਚ ਤੋਂ ਕੁਝ ਘੰਟੇ ਪਹਿਲਾਂ ਹੀ, ਇੱਕ ਅਹਿਮ ਹਾਈਡ੍ਰੌਲਿਕ ਸਿਸਟਮ ਬਾਰੇ ਚਿੰਤਾਵਾਂ ਪੈਦਾ ਹੋ ਗਈਆਂ ਸਨ। ਅਧਿਕਾਰੀਆਂ ਨੇ ਲਾਂਚ ਦੀ ਨਵੀਂ ਤਰੀਕ ਬਾਰੇ ਤੁਰੰਤ ਕੋਈ ਪੁਸ਼ਟੀ ਨਹੀਂ ਕੀਤੀ ਏ । ਦੇਰੀ ਦੇ ਬਾਵਜੂਦ, ਨਾਸਾ ਨੇ ਭਰੋਸਾ ਦਿੱਤਾ ਏ ਕਿ ਦੋਵੇਂ ਪੁਲਾੜ ਯਾਤਰੀ ਸੁਰੱਖਿਅਤ ਨੇ. ਇਸ ਦੌਰਾਨ, ਉਨ੍ਹਾਂ ਨੇ ਪੁਲਾੜ ਸਟੇਸ਼ਨ ਦੇ ਹੋਰ ਚਾਲਕ ਦਲ ਦੇ ਮੈਂਬਰਾਂ ਦੇ ਨਾਲ ਖੋਜ ਅਤੇ ਰੱਖ-ਰਖਾਅ 'ਤੇ ਕੰਮ ਕਰਨਾ ਜਾਰੀ ਰੱਖਿਆ ਏ ।

---------------------------------------------------------------

ਹੁਸ਼ਿਆਰਪੁਰ ਦੇ ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀਮੈਂਟਰੀ ਸਿੱਖਿਆ)

ਹਰਜਿੰਦਰ ਸਿੰਘ ਨੂੰ ਸਿੱਖਿਆ ਵਿਭਾਗ ਨੇ ਤੁਰੰਤ ਪ੍ਰਭਾਵ ਨਾਲ ਮੁਅੱਤਲ ਕਰ ਦਿੱਤਾ ਏ। ਬੁੱਧਵਾਰ ਸ਼ਾਮ ਨੂੰ ਇਸ ਸਬੰਧ ਵਿੱਚ ਸਕੱਤਰ, ਸਕੂਲ ਸਿੱਖਿਆ ਵਿਭਾਗ ਪੰਜਾਬ ਵੱਲੋਂ ਜਾਰੀ ਹੁਕਮਾਂ ਅਨੁਸਾਰ, ਉਨ੍ਹਾਂ ਨੂੰ 16 ਦਸੰਬਰ, 2024 ਨੂੰ ਨਾਬਾਰਡ ਅਧੀਨ ਜਾਰੀ ਕੀਤੀਆਂ ਗਈਆਂ ਗ੍ਰਾਂਟਾਂ ਨੂੰ ਸਮੇਂ ਸਿਰ ਸਕੂਲਾਂ ਵਿੱਚ ਨਾ ਵੰਡਣ ਅਤੇ ਆਪਣੀ ਡਿਊਟੀ ਵਿੱਚ ਲਾਪਰਵਾਹੀ ਕਰਨ ਲਈ ਮੁਅੱਤਲ ਕੀਤਾ ਗਿਆ ਏ।

---------------------------------------------------------------

ਪੰਜਾਬ ਰਾਜ ਚੋਣ ਕਮਿਸ਼ਨ ਨੇ ਦੱਸਿਆ ਕਿ ਜ਼ਿਲ੍ਹਾ ਪਟਿਆਲਾ ਦੇ ਬਲਾਕ ਸਨੌਰ ਦੀਆਂ 16 ਗ੍ਰਾਮ ਪੰਚਾਇਤਾਂ ਭੱਠਲਾਂ, ਬੀੜ ਬਹਾਦਰਗੜ੍ਹ, ਦੀਲਵਾਲ, ਫਾਰਮ ਬਹਾਦਰਗੜ੍ਹ, ਮਾਜਰੀ, ਪੀਰ ਕਲੋਨੀ, ਵਿਦਿਆ ਨਗਰ, ਹੀਰਾ ਕਲੋਨੀ, ਗੁਰੂ ਨਾਨਕ ਨਗਰ, ਹਰ ਗੋਬਿੰਦ ਕਲੋਨੀ, ਕਰਹੇੜੀ, ਕਸਬਾ ਰੁੜਕੀ, ਮਹਿਮਦਪੁਰ ਜੱਟਾਂ, ਨਵਾਂ ਮਹਿਮਦਪੁਰ ਜੱਟਾਂ, ਸ਼ਮਸਪੁਰ ਅਤੇ ਸ਼ੇਖਪੁਰ ਕੰਬੋਆਂ ਦੇ ਮੈਂਬਰਾਂ ਦੀ ਚੋਣ ਲਈ ਆਮ ਚੋਣਾਂ ਮਿਤੀ 30 ਮਾਰਚ 2025 ਨੂੰ ਕਰਵਾਈਆਂ ਜਾਣਗੀਆਂ। ਰਾਜ ਚੋਣ ਕਮਿਸ਼ਨ ਦੇ ਬੁਲਾਰੇ ਨੇ ਦੱਸਿਆ ਕਿ

ਨਾਮਜ਼ਦਗੀਆਂ ਦਾਖਲ ਕਰਨ ਦਾ ਅਮਲ 17 ਮਾਰਚ ਤੋਂ ਸ਼ੁਰੂ ਹੋਵੇਗਾ ਜੋ ਕਿ 20 ਮਾਰਚ ਤੱਕ ਚੱਲੇਗਾ। 21 ਮਾਰਚ ਨੂੰ ਨਾਮਜ਼ਦਗੀਆਂ ਦੀ ਪੜਤਾਲ ਕੀਤੀ ਜਾਵੇਗੀ । ਮਜ਼ਦਗੀਆਂ ਵਾਪਸ ਲੈਣ ਦੀ ਆਖਰੀ ਤਰੀਕ 22 ਮਾਰਚ ਬਾਅਦ ਦੁਪਹਿਰ 3 ਵਜੇ ਤੱਕ ਹੋਵੇਗੀ । ਇਸ ਸਬੰਧੀ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ, ਪਟਿਆਲਾ ਨੂੰ ਨਿਰਪੱਖ ਚੋਣਾਂ ਯਕੀਨੀ ਬਣਾਉਣ ਲਈ ਸਾਰੇ ਲੋੜੀਂਦੇ ਪ੍ਰਬੰਧ ਕਰਨ ਦੇ ਨਿਰਦੇਸ਼ ਦਿੱਤੇ ਗਏ ਨੇ। ਜ਼ਿਲ੍ਹਾ ਪਟਿਆਲਾ ਦੇ ਬਲਾਕ ਸਨੌਰ ਦੀਆਂ ਉਕਤ 16 ਗ੍ਰਾਮ ਪੰਚਾਇਤਾਂ ਦੇ ਮਾਲ ਅਧਿਕਾਰ ਖੇਤਰ ਵਿੱਚ ਨੋਟੀਫਿਕੇਸ਼ਨ ਦੀ ਮਿਤੀ ਤੋਂ ਆਦਰਸ਼ ਚੋਣ ਜ਼ਾਬਤਾ ਲਾਗੂ ਹੋ ਜਾਵੇਗਾ ।

-----------------------------------------------------------------

ਪੰਜਾਬ ਵਿੱਚ ਮੌਸਮ ਦਾ ਪਾਰਾ ਲਗਾਤਾਰ ਵੱਧ ਰਿਹਾ ਏ । ਮੰਗਲਵਾਰ ਨੂੰ ਵੱਧ ਤੋਂ ਵੱਧ ਤਾਪਮਾਨ ਵਿੱਚ ਔਸਤਨ ਇਕ ਡਿਗਰੀ ਸੈਲਸੀਅਸ ਦਾ ਵਾਧਾ ਦਰਜ ਕੀਤਾ ਗਿਆ, ਜੋ ਕਿ ਆਮ ਨਾਲੋਂ 3.9 ਡਿਗਰੀ ਸੈਲਸੀਅਸ ਵੱਧ ਏ। ਸੂਬੇ ਵਿੱਚ ਸਭ ਤੋਂ ਵੱਧ ਤਾਪਮਾਨ ਫਤਿਹਗੜ੍ਹ ਸਾਹਿਬ ਵਿੱਚ 31.9 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ ਏ ।

ਮੌਸਮ ਵਿਭਾਗ ਮੁਤਾਬਕ ਪੰਜਾਬ ਦੇ ਕਈ ਜ਼ਿਲ੍ਹਿਆਂ ਵਿੱਚ 16 ਮਾਰਚ ਤੱਕ ਮੀਂਹ ਪੈਣ ਦੀ ਸੰਭਾਵਨਾ ਏ । ਅੱਜ ਪੰਜਾਬ ਦੇ ਤਾਪਮਾਨ ‘ਚ ਜ਼ਿਆਦਾ ਬਦਲਾਅ ਨਹੀਂ ਹੋਵੇਗਾ ਪਰ ਇਸ ਤੋਂ ਬਾਅਦ ਤਾਪਮਾਨ 2 ਤੋਂ 3 ਡਿਗਰੀ ਹੇਠਾਂ ਆ ਜਾਵੇਗਾ ਅਤੇ ਸਥਿਤੀ ਆਮ ਵਾਂਗ ਹੋ ਜਾਵੇਗੀ। ਕੁਝ ਦਿਨ ਪਹਿਲਾਂ ਸਰਗਰਮ ਹੋਈ ਪੱਛਮੀ ਗੜਬੜੀ ਅਸਰ ਅੱਜ ਤੋਂ ਪੰਜਾਬ ਦੇ ਮੈਦਾਨੀ ਇਲਾਕਿਆਂ ਵਿੱਚ ਵੀ ਦੇਖਣ ਨੂੰ ਮਿਲੇਗਾ। ਪੱਛਮੀ ਗੜਬੜੀ ਕਾਰਨ ਅੱਜ ਪਠਾਨਕੋਟ, ਗੁਰਦਾਸਪੁਰ ਅਤੇ ਹੁਸ਼ਿਆਰਪੁਰ ਵਿੱਚ ਮੀਂਹ ਦਾ ਯੈਲੋ ਅਲਰਟ ਜਾਰੀ ਕੀਤਾ ਗਿਆ ਹੈ।